# ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ **ਸਵੱਛ, ਤੰਦਰੁਸਤ ਤੇ ਨਵ ਭਾਰਤ ਦਾ ਨਿਰਮਾਣ ਕਰਨ ਲਈ** ਸਾਫ਼-ਸਫ਼ਾਈ ਦਾ ਪ੍ਰਣ ਦਿਵਾ ਕੇ 'ਸਵੱਛਤਾ ਹੀ ਸੇਵਾ' ਮੁਹਿੰਮ ਦਾ ਕੀਤਾ ਆਗਾਜ਼

- ਸਵੱਛਤਾ ਰੱਥ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ
- ਜ਼ਿਲ੍ਹੇ ਵਿੱਚ 'ਸਵੱਛਤਾ ਹੀ ਸੇਵਾ' ਪੰਦਰਵਾੜਾ 15 ਸਤੰਬਰ ਤੋਂ 2 ਅਕਤੂਬਰ ਤੱਕ ਮਨਾਇਆ ਜਾਵੇਗਾ-ਦਿਲਰਾਜ ਸਿੰਘ
- **ਪੰਦਰਵਾੜੇ ਦੌਰਾਨ ਲੋਕਾਂ ਨੂੰ ਆਪਣੇ ਘਰਾਂ ਤੇ ਆਲੇ ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਲਈ ਵੀ ਕੀਤਾ ਜਾਵੇਗਾ ਜਾਗਰੂਕ**
- ਜ਼ਿਲ੍ਹੇ ਦੇ ਹਰੇਕ ਨਾਗਰਿਕ ਨੂੰ ਸਵੱਛਤਾ ਮੁਹਿੰਮ 'ਚ ਵਡਮੁੱਲਾ ਯੋਗਦਾਨ ਪਾਉਣ ਦੀ ਅਪੀਲ

ਮੋਗਾ 15 ਸਤੰਬਰ:

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਆਈ.ਏ.ਐਸ ਨੇ ਜ਼ਿਲ੍ਹੇ ਵਿੱਚ ਇਸ ਮੁਹਿੰਮ ਦਾ ਆਗਾਜ਼ ਗੀਤਾ ਭਵਨ ਮੋਗਾ ਤੋਂ ਨਾਗਰਿਕਾਂ ਨੂੰ ਸਵੱਛਤਾ ਦੀ ਸਹੁੰ ਚੁਕਾ ਕੇ ਕੀਤਾ। ਇਸ ਉਪਰੰਤ ਉਨ੍ਹਾਂ ਸਵੱਛਤਾ ਰੱਥ ਨੂੰ ਹਰੀ ਝੰਡੀ ਦੇ ਕੇ ਰਵਾਨਾ ਵੀ ਕੀਤਾ, ਜਿਸ ਰਾਹੀਂ ਜ਼ਿਲ੍ਹਾ ਵਾਸੀਆਂ ਨੂੰ ਸਾਫ਼-ਸਫ਼ਾਈ ਰੱਖਣ ਅਤੇ ਸਵੱਛਤਾ ਵਿਵਹਾਰਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਜਨਰਲ) ਜਗਵਿੰਦਰਜੀਤ ਸਿੰਘ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਾਜੇਸ਼ ਤ੍ਰਿਪਾਠੀ, ਸਹਾਇਕ ਕਮਿਸ਼ਨਰ ਹਰਪ੍ਰੀਤ ਸਿੰਘ ਅਟਵਾਲ, ਨਗਰ ਨਿਗਮ ਦੇ ਜਾਇੰਟ ਕਮਿਸ਼ਨਰ ਸ਼ਿਵ ਕੁਮਾਰ, ਸੀਨੀਅਰ ਡਿਪਟੀ ਮੇਅਰ ਅਨਿਲ ਬਾਂਸਲ ਅਤੇ ਕਾਰਜਕਾਰੀ ਇੰਜੀਨੀਅਰ ਜਨ ਸਿਹਤ ਮੰਡਲ ਮੋਗਾ ਆਰ.ਕੇ.ਗੁਪਤਾ ਵੀ ਮੌਜੂਦ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਇੱਕ ਸਵੱਛ, ਤੰਦਰੁਸਤ ਤੇ ਨਵ ਭਾਰਤ ਦੇ ਨਿਰਮਾਣ ਕਰਨ, ਜਨਤਕ ਥਾਵਾਂ ਦੀ ਸਾਫ਼-ਸਫ਼ਾਈ ਰੱਖਣ, ਪਖਾਨਿਆਂ ਦੀ ਵਰਤੋਂ ਕਰਕੇ ਹੱਥ ਧੋਣ ਅਤੇ ਪਿੰਡਾਂ ਤੇ ਕਸਬਿਆਂ ਦੇ ਲੋਕਾਂ ਨੂੰ ਖੁੱਲ੍ਹੇ ਵਿੱਚ ਪਖਾਨਾ ਜਾਣ ਤੋਂ ਮੁਕਤ ਕਰਨ ਦਾ ਪ੍ਰਣ ਦਿਵਾਇਆ।

ਇਸ ਮੌਕੇ ਜ਼ਿਲ੍ਹਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਸ. ਦਿਲਰਾਜ ਸਿੰਘ ਨੇ ਦੱਸਿਆ ਕਿ ਸੂਬੇ ਵਿੱਚ ਮਨਾਏ ਜਾ ਰਹੇ 15 ਸਤੰਬਰ ਤੋਂ 2 ਅਕਤੂਬਰ ਤੱਕ 'ਸਫ਼ਾਈ ਹੀ ਸੇਵਾ' ਪੰਦਰਵਾੜਾ ਤਹਿਤ ਜ਼ਿਲ੍ਹੇ ਦੀਆਂ ਜਨਤਕ ਥਾਵਾਂ, ਪੇਂਡੂ ਅਤੇ ਸ਼ਹਿਰੀ ਖੇਤਰਾਂ ਤੋਂ ਇਲਾਵਾ ਸਰਕਾਰੀ ਅਦਾਰਿਆਂ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ, ਸਵੈ-ਸੇਵੀ, ਸਮਾਜ ਸੇਵੀ, ਸਰਕਾਰੀ/ਗੈਰ ਸਰਕਾਰੀ ਸੰਸਥਾਂਵਾਂ ਅਤੇ ਯੁਵਕ ਤੇ ਖੇਡ ਕਲੱਬਾਂ ਨੂੰ ਸੱਦਾ ਦਿੱਤਾ ਕਿ ਉਹ ਸਵੱਛਤਾ ਦੇ ਇਸ ਕਾਰਜ ਵਿੱਚ ਆਪਣੇ ਇਲਾਕੇ ਵਿੱਚ ਵਡਮੁੱਲਾ ਯੋਗਦਾਨ ਪਾਉਣ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਲੋਕਾਂ ਨੂੰ ਆਪਣਾ ਕੂੜਾ-ਕਰਕਟ ਨਗਰ ਨਿਗਮ/ਕੌਂਸਲ ਵੱਲੋਂ ਨਿਰਧਾਰਿਤ ਕੂੜਾਦਾਨਾਂ ਵਿੱਚ ਹੀ ਪਾਏ ਜਾਣ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵੀ ਪੰਚਾਇਤਾਂ ਨੂੰ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਇਸ ਮੁਹਿੰਮ ਦੌਰਾਨ ਵੱਧ ਤੋਂ ਵੱਧ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਗੇ। ਉਨ੍ਹਾਂ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀ ਜਲ ਸਪਲਾਈ ਘਰਾਂ ਦੀ ਸਫ਼ਾਈ ਯਕੀਨੀ ਬਣਾਉਣ ਅਤੇ ਪਾਣੀ ਵਾਲੀਆਂ ਟੈਂਕੀਆਂ ਦੀ ਵਿਸ਼ੇਸ਼ ਤੌਰ 'ਤੇ ਸਫ਼ਾਈ ਕਰਵਾਉਣ ਉਨ੍ਹਾਂ ਦੱਸਿਆ ਕਿ ਇਸ ਪੰਦਰਵਾੜੇ ਦੌਰਾਨ ਲੋਕਾਂ ਨੂੰ ਆਪਣੇ ਘਰਾਂ ਤੇ ਆਲੇ ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਲਈ ਵੀ ਜਾਗਰੂਕ ਕੀਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ ਨਿਹਾਲ ਸਿੰਘ ਵਾਲਾ ਸੁਖਹਰਪ੍ਰੀਤ ਸਿੰਘ, ਐਸ.ਪੀ.(ਹੈਡ) ਬਲਵੀਰ ਸਿੰਘ, ਜ਼ਿਲ੍ਹਾ ਐਨ.ਜੀ.ਓ ਕੋ-ਆਰਡੀਨੇਟਰ ਐਸ.ਕੇ.ਬਾਂਸਲ, ਜ਼ਿਲ੍ਹਾ ਖਜ਼ਾਨਾ ਅਫ਼ਸਰ ਕੇ.ਕੇ.ਹਾਂਡਾ, ਭਾਵਾਧਸ ਆਗੂ ਨਰੇਸ਼ ਬੌਹਤ, ਪ੍ਰੇਮ ਚੱਕੀ ਵਾਲਾ ਤੇ ਨਰਿੰਦਰ ਸਿੰਘ ਸਿੱਧੂ (ਦੋਵੇ ਕੌਂਸਲਰ), ਡਿਪਟੀ ਮੈਡੀਕਲ ਕਮਿਸ਼ਨਰ

ਐਸ.ਕੇ.ਸੇਤੀਆ, ਜ਼ਿਲ੍ਹਾ ਖੁਰਾਕ ਸਪਲਾਈ ਅਫ਼ਸਰ ਮਨਦੀਪ ਸਿੰਘ, ਡੀ.ਐਸ.ਪੀ (ਸਿਟੀ) ਗੋਬਿੰਦਰ ਸਿੰਘ, ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ/ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਤੇ ਸ਼ਹਿਰੀ ਹਾਜ਼ਰ ਸਨ।

---------------------

ਨੰ: ਪੀ.ਆਰ(ਪ੍ਰੈ ਰੀ)2017/508




